ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## 6.56 ਲੱਖ ਮੀਟ੍ਰਿਕ ਟਨ ਕਣਕ ਦੀ ਹੋਈ ਖ਼ਰੀਦ

## 967 ਕਰੋੜ ਰੁਪਏ ਦੀ ਕੀਤੀ ਜਾ ਚੁੱਕੀ ਹੈ ਕਿਸਾਨਾਂ ਨੂੰ ਅਦਾਇਗੀ

## ਵੱਖ ਵੱਖ ਖ਼ਰੀਦ ਏਜੰਸੀਆਂ ਵਲੋਂ ਖ਼ਰੀਦੀ ਗਈ ਕਣਕ

ਬਠਿੰਡਾ, 2 ਮਈ : ਬਠਿੰਡਾ ਜ਼ਿਲੇ ਵਿੱਚ ਸ਼ੁੱਕਰਵਾਰ ਦੀ ਸ਼ਾਮ ਤੱਕ 6.56 ਲੱਖ ਮੀਟ੍ਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ੍ਰੀਨਿਵਾਸਨ ਨੇ ਸਾਂਝੀ ਕੀਤੀ। ਉਨਾਂ ਇਹ ਵੀ ਕਿਹਾ ਕਿ ਬੀਤੀ ਸ਼ਾਮ ਤੱਕ ਕਣਕ ਦੀ 4,28,529 ਮੀਟ੍ਰਿਕ ਟਨ ਦੀ ਲਿਫ਼ਟਿੰਗ ਵੀ ਮੰਡੀਆਂ ਵਿਚੋਂ ਕੀਤੀ ਜਾ ਚੁੱਕੀ ਹੈ। ਉਨਾਂ ਇਹ ਵੀ ਦੱਸਿਆ ਕਿ ਪਿਛਲੇ ਦਿਨ ਤੱਕ 686207 ਮੀਟ੍ਰਿਕ ਟਨ ਕਣਕ ਮੰਡੀਆਂ ਵਿਚ ਪੁੱਜੀ ਹੈ। ਇਸ ਤੋਂ ਇਲਾਵਾ ਉਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 967 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ. ਮਨਦੀਪ ਸਿੰਘ ਮਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵਲੋਂ 186903 ਮੀਟ੍ਰਿਕ ਟਨ, ਮਾਰਕਫੈਡ ਵਲੋਂ 171511 ਮੀਟ੍ਰਿਕ ਟਨ, ਪਨਸਪ ਵਲੋਂ 144297 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵਲੋਂ 103754 ਅਤੇ ਇਸ ਤੋਂ ਇਲਾਵਾ ਐਫ਼.ਸੀ.ਆਈ. ਖ਼ਰੀਦ ਏਜੰਸੀ ਵਲੋਂ 49020 ਮੀਟ੍ਰਿਕ ਕਣਕ ਦੀ ਖ਼ਰੀਦ ਕੀਤੀ ਗਈ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਵੀਰਾਂ ਦੇ ਲਈ ਸਾਰੇ ਸੁਚੱਜੇ ਤਰੀਕੇ ਨਾਲ ਪ੍ਰਬੰਧ ਮੁਕੰਮਲ ਕੀਤੇ ਹੋਏ ਹਨ ਤੇ ਉਨਾਂ ਨੂੰ ਕਿਸੇ ਵੀ ਤਰਾਂ ਦੀ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

I/21729/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਕਰਫਿਊ ਦੌਰਾਨ ਦੁਕਾਨਾਂ ਖੋਲਣ ਦੀ ਛੋਟ ਦੇ ਸਮੇਂ ਦੌਰਾਨ ਦੋ ਅਤੇ ਚਾਰ ਪਹੀਆਂ ਵਾਹਨਾਂ ਦੀ ਆਵਾਜਾਈ ਤੇ ਰੋਕ

## -ਸਵੇਰੇ 6 ਤੋਂ ਸਵੇਰੇ 10 ਵਜੇ ਤੱਕ ਪੈਦਲ ਹੀ ਖਰੀਦਦਾਰੀ ਲਈ ਜਾ ਸਕਣਗੇ ਲੋਕ

## -ਪੈਟਰੋਲ ਪੰਪ ਕੇਵਲ ਪਾਸ ਧਾਰਕ ਵਾਹਨਾਂ ਨੂੰ ਹੀ ਦੇਣਗੇ ਤੇਲ, ਰੱਖਣਾ ਪਵੇਗਾ ਪੂਰਾ ਰਿਕਾਰਡ

## -ਪਾਸ ਧਾਰਕ ਆਪਣੇ ਵਾਹਨ ਤੇ ਪਾਸ ਨੂੰ ਚਸਪਾ ਕਰਕੇ ਰੱਖਣ

ਬਠਿੰਡਾ, 2 ਮਈ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਨੇ ਕੁਝ ਖਾਸ ਸ਼੍ਰੇਣੀਆਂ ਦੀਆਂ ਦੁਕਾਨਾਂ ਖੋਲਣ ਲਈ ਦਿੱਤੀ ਛੋਟ ਸਬੰਧੀ ਹੁਕਮਾਂ ਵਿਚ ਕੁਝ ਸੋਧ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਦੁਕਾਨਾਂ ਖੁੱਲਣ ਦੇ ਸਮੇਂ ਦੌਰਾਨ ਕੋਈ ਵੀ ਦੋ

ਪਹੀਆਂ ਜਾਂ ਚਾਰ ਪਹੀਆ ਵਾਹਨ ਦੀ ਵਰਤੋਂ ਨਹੀਂ ਕਰੇਗਾ ਅਤੇ ਲੋਕਾਂ ਨੂੰ ਪੈਦਲ ਹੀ ਆਪਣੀ ਨੇੜੇ ਦੀ ਦੁਕਾਨ ਤੋਂ ਖਰੀਦਦਾਰੀ ਕਰਨ ਦੀ ਆਗਿਆ ਹੋਵੇਗੀ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਅੱਜ ਪਹਿਲੇ ਦਿਨ ਦਿੱਤੀ ਖੁੱਲ ਦੌਰਾਨ ਵੇਖਣ ਵਿਚ ਆਇਆ ਕਿ ਕੁਝ ਲੋਕਾਂ ਵੱਲੋਂ ਨਿਯਮਾਂ ਦੀ ਪਾਲਣਾ ਵਿਚ ਗੰਭੀਰਤਾ ਨਹੀਂ ਵਿਖਾਈ ਗਈ ਜਦ ਕਿ ਬਹੁਤ ਸਾਰੇ ਲੋਕਾਂ ਨੇ ਸਹਿਯੋਗ ਵੀ ਕੀਤਾ। ਇਸ ਲਈ ਹੁਣ ਹੁਕਮ ਪਾਸ ਕੀਤਾ ਗਿਆ ਹੈ ਕਿ ਕਰਫਿਊ ਦੌਰਾਨ ਕੋਈ ਵੀ ਵਿਅਕਤੀ ਸਮੇਤ ਛੋਟ ਵਾਲੇ ਸਮੇਂ ਭਾਵ ਸਵੇਰੇ 6 ਤੋਂ ਸਵੇਰੇ 10 ਵਜੇ ਤੱਕ ਵੀ ਦੋ ਪਹੀਆਂ ਜਾਂ ਚਾਰ ਪਹੀਆਂ ਵਾਹਨਾਂ ਦੀ ਦੀ ਵਰਤੋਂ ਨਹੀਂ ਕਰ ਸਕੇਗਾ ਅਤੇ ਜੇਕਰ ਕਿਸੇ ਨੇ ਬਿਨ੍ਹਾਂ ਪਾਸ ਦੋ ਪਹੀਆ ਜਾਂ ਚਾਰ ਪਹੀਆ ਵਾਹਨ ਦੀ ਵਰਤੋਂ ਕੀਤੀ ਤਾਂ ਉਸਦਾ ਵਾਹਨ ਜਬਤ ਕਰ ਲਿਆ ਜਾਵੇਗਾ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਇਹ ਵੀ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਦੀ ਹਦੂਦ ਅੰਦਰ ਪੈਟਰੋਲੀਅਮ ਪਦਾਰਥਾਂ ਦੀ ਵਿਕਰੀ ਕੇਵਲ ਛੋਟ ਵਾਲੇ ਵਾਹਨਾਂ ਜਾਂ ਪਾਸ ਧਾਰਕ ਵਾਹਨਾਂ ਨੂੰ ਹੀ ਕੀਤੀ ਜਾ ਸਕਦੀ ਹੈ। ਇਸ ਦੌਰਾਨ ਹਰੇਕ ਪੈਟਰੋਲ ਪੰਪ ਇਸ ਸਬੰਧੀ ਪੂਰਾ ਰਿਕਾਰਡ ਰੱਖੇਗਾ ਅਤੇ ਤੇਲ ਦੀ ਵਿਕਰੀ ਸਮੇਂ ਪਾਸ ਧਾਰਕ ਦਾ ਨਾਂਅ ਤੇ ਪਾਸ ਦਾ ਨੰਬਰ ਨੋਟ ਕਰੇਗਾ।

ਇਸੇ ਤਰਾਂ ਵੱਖ ਵੱਖ ਅਧਿਕਾਰੀਆਂ ਕਰਮਚਾਰੀਆਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਪਾਸ ਆਪਣੇ ਵਾਹਨ ਤੇ ਚਸਪਾ ਕਰ ਲੈਣ ਤਾਂ ਜੋ ਨਾਕੇ ਤੇ ਪਹਿਚਾਣ ਵਿਚ ਦਿੱਕਤ ਨਾ ਆਵੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜੇਕਰ ਕੋਈ ਵੀ ਇੰਨ੍ਹਾਂ ਹਦਾਇਤਾਂ ਦੀ ਉਲੰਘਣਾ ਕਰੇਗਾ ਤਾਂ ਉਨ੍ਹਾਂ ਵਿਰੁੱਧ ਆਈਪੀਸੀ ਦੀ ਧਾਰਾ 188, ਐਪੀਡੈਮਿਕ ਡਜੀਜ ਐਕਟ 1897 ਅਤੇ ਡਿਜਾਸਟਰ ਮੈਨੇਜਮੈਂਟ ਐਕਟ 2005 ਦੀਆਂ ਵੱਖ ਵੱਖ ਧਾਰਾਵਾਂ ਤਹਿਤ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

I/21730/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

# ਕੋਵਿਡ ਦੌਰਾਨ ਘਰੇਲੂ ਹਿੰਸਾ ਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ ਲਈ ਹੈਲਪਲਾਈਨ ਨੰਬਰ ਜਾਰੀ

ਬਠਿੰਡਾ, 2 ਮਈ

ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਕਰਫਿਊ ਦੌਰਾਨ ਵਨ ਸਟੋਪ ਸੈਂਟਰ (ਸਖੀ) ਬਠਿੰਡਾ ਵੱਲੋਂ ਘਰੇਲੂ ਹਿੰਸਾ ਅਤੇ ਮਾਨਸਿਕ ਤਣਾਅ ਤੋਂ ਪੀੜਤ ਔਰਤਾਂ ਨੂੰ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਕਰਫਿਊ ਦੌਰਾਨ ਕੋਈ ਵੀ ਔਰਤ ਮਾਨਸਿਕ ਤਣਾਅ ਜਾਂ ਘਰੇਲੂ ਹਿੰਸਾ ਤੋਂ ਪੀੜਤ ਹੈ ਤਾਂ ਉਹ ਬਠਿੰਡਾ ਵਿੱਚ ਸਥਾਪਿਤ ਵਨ ਸਟੋਪ ਸੈਂਟਰ ਨਾਲ ਸੰਪਰਕ ਕਰ ਸਕਦੀ ਹੈ। ਪਰਾਚੀ ਗੁੰਬਰ (ਪੈਰਾ ਲਿਗਲ ਪਰਸਨਲ/ਵਕੀਲ)

ਨੇ ਦੱਸਿਆ ਕਿ ਔਰਤਾਂ ਲਈ ਵਿਭਾਗ ਵੱਲੋ ਟੈਲੀ ਕੌਸਲਿੰਗ ਸੇਵਾ ਹੈਲਪਲਾਈਨ 1800-180-4104 ਨੰਬਰ ਵੀ ਜਾਰੀ ਕੀਤਾ ਗਿਆ ਹੈ। ਇਸ ਹੈਲਪਲਾਈਨ ਤੇ ਕਿਸੇ ਵੀ ਸੱਮਸਿਆ ਦੇ ਹੱਲ ਲਈ ਵੱਖ ਵੱਖ ਵਿਭਾਗਾਂ ਤੋਂ ਸਾਇਕੋਲਜਿਟ, ਕਾਊਂਸਲਰ, ਮਾਹਿਰ ਡਾਕਟਰ, ਸ਼ਾਮਿਲ ਹੋਏ ਹਨ ਅਤੇ ਸੱਮਸਿਆ ਦਾ ਤੁਰੰਤ ਹੱਲ ਕੀਤਾ ਜਾਂਦਾ ਹੈ । ਇਸ ਤੋਂ ਇਲਾਵਾ ਕੋਈ ਵੀ ਪੀੜਤ ਔਰਤ ਦਫਤਰੀ ਟੈਲੀਫੋਨ ਨੰ - 0164 -2212480, 98881-28887, ਜਾਂ oscsakhibti@gmail.com ਤੇ ਸੰਪਰਕ ਕਰ ਸਕਦੀ ਹੈ। ਕੋਈ ਵੀ ਪੀੜਤ ਔਰਤ ਆਪਣੀ ਸੱਮਸਿਆ ਲਈ ਵੋਮਨ ਹੈਲਪਲਾਈਨ ਨੰਬਰ 181 ਜਾਂ ਪੁਲਿਸ ਹੈਲਪਲਾਈਨ ਨੰਬਰ 112 ਤੇ ਵੀ ਸੰਪਰਕ ਕਰ ਸਕਦੀ ਹੈ।

I/21740/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਨਿਰਮਾਣ ਕਾਰਜਾਂ ਸਬੰਧੀ ਸ਼ਰਤਾਂ ਦੇ ਅਧਾਰ ਤੇ ਕੁਝ ਛੋਟਾਂ ਦਾ ਐਲਾਣ

## -ਸਮਾਜਿਕ ਦੂਰੀ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਦਾ ਸਖਤੀ ਨਾਲ ਪਾਲਣ ਕੀਤਾ ਜਾਵੇ

### - ਨਿਰਮਾਣ ਕਾਰਜਾਂ ਲਈ ਸਮਾਨ ਕੇਵਲ ਸਵੇਰੇ 6 ਤੋਂ ਸਵੇਰੇ 10 ਵਜੇ ਤੱਕ ਹੀ ਮੰਗਵਾਇਆ ਜਾ ਸਕੇਗਾ

ਬਠਿੰਡਾ, 2 ਮਈ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਆਈ.ਏ.ਐਸ. ਨੇ ਕੋਵਿਡ 19 ਦੇ ਮੱਦੇਨਜਰ ਲੱਗੇ ਕਰਫਿਊ ਦੌਰਾਨ ਨਿਰਮਾਣ ਕਾਰਜਾਂ ਸਬੰਧੀ ਸ਼ਰਤਾਂ ਦੇ ਅਧਾਰ ਤੇ ਕੁਝ ਛੋਟਾਂ ਦਾ ਐਲਾਣ ਕੀਤਾ ਹੈ।ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਸਖ਼ਤੀ ਨਾਲ ਕਿਹਾ ਹੈ ਕਿ ਇਸ ਦੌਰਾਨ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਹਤਾਇਤਾਂ ਦਾ ਸਖ਼ਤੀ ਨਾਲ ਪਾਲਣ ਕੀਤਾ ਜਾਵੇ ਅਤੇ ਜੇਕਰ ਕਿਸੇ ਨੇ ਉਲੰਘਣਾ ਕੀਤੀ ਤਾਂ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਪੇਂਡੂ ਖੇਤਰ ਵਿਚ ਹਰ ਤਰਾਂ ਦੀ ਨਵੀਂ ਅਤੇ ਪੁਰਾਣੀ ਭਾਵ ਪਹਿਲਾਂ ਤੋਂ ਚੱਲ ਰਹੀ ਉਸਾਰੀ ਕਰਨ ਦੀ ਆਗਿਆ ਦਿੱਤੀ ਜਾਂਦੀ ਹੈ।

ਜਦ ਕਿ ਸ਼ਹਿਰੀ ਖੇਤਰ ਵਿਚ ਕੇਵਲ ਪਹਿਲਾਂ ਤੋਂ ਚੱਲ ਰਹੀ ਰਿਹਾਇਸੀ, ਕਮਰਸ਼ੀਅਲ, ਸਰਕਾਰੀ, ਗੈਰ ਸਰਕਾਰੀ ਉਸਾਰੀ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ, ਭਾਵ ਅਜਿਹੀ ਉਸਾਰੀ ਜਿਹੜੀ ਕਰਫਿਊ ਲਾਗੂ ਹੋਣ ਸਮੇਂ ਚੱਲ ਰਹੀ ਸੀ ਅਤੇ ਕਰਫਿਊ ਲੱਗਣ ਕਾਰਨ ਇਹ ਉਸਾਰੀ ਬੰਦ ਕਰ ਦਿੱਤੀ ਗਈ ਹੋਵੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਅੱਗੇ ਕਿਹਾ ਕਿ ਇਸ ਦੌਰਾਨ ਨਿਮਨ ਸ਼ਰਤਾਂ ਦਾ ਪਾਲਣਾ ਕਰਨਾ ਲਾਜਮੀ ਹੋਵੇਗਾ।ਸ਼ਰਤਾਂ ਅਨੁਸਾਰ ਉਸਾਰੀ ਕਰਨ ਵਾਲੀ ਲੇਬਰ ਨੂੰ ਉਸਾਰੀ ਕਰਨ ਵਾਲੀ ਜਗਾਂ ਤੇ ਹੀ ਰੱਖਿਆ ਜਾਵੇਗਾ, ਅਤੇ ਲੇਬਰ ਦੀ ਕਿਸੇ ਵੀ ਤਰਾਂ ਦੀ ਕੋਈ ਮੂਵਮੈਂਟ ਦੀ ਪ੍ਰਵਾਨਗੀ ਨਹੀਂ ਹੋਵੇਗੀ।ਸਾਈਟ ਤੇ ਰਹਿਣ ਲਈ ਲੇਬਰ ਨੂੰ ਰਹਿਣ

ਲਈ ਜਗ੍ਹਾ, ਖਾਣਾ, ਸਾਫ ਸਫਾਈ ਰੱਖਣ ਲਈ ਲੋੜੀਂਦਾ ਸਮਾਨ ਆਦਿ ਉਸਾਰੀ ਕਰਵਾਉਣ ਵਾਲੇ ਵਿਅਕਤੀ ਜਾਂ ਠੇਕੇਦਾਰ ਵੱਲੋਂ ਮੁਹਈਆ ਕਰਵਾਇਆ ਜਾਵੇਗਾ। ਕੰਮ ਦੌਰਾਨ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇਗੀ ਅਤੇ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕੀਤੀ ਜਾਵੇਗੀ। ਉਸਾਰੀ ਦੇ ਕੰਮ ਲਈ ਲੋੜੀਂਦਾ ਰਾਅ ਮਟੀਰੀਅਲ ਜ਼ਿਲ੍ਹੇ ਦੇ ਹਦੂਦ ਅੰਦਰੋਂ ਕੇਵਲ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਹੀ ਮੰਗਵਾਇਆ ਜਾ ਸਕਦਾ ਹੈ। ਇਸ ਤੋਂ ਬਿਨ੍ਹਾਂ ਕਿਸੇ ਵੀ ਤਰਾਂ ਦੇ ਸਮਾਨ ਲਈ ਆਵਾਜਾਈ ਦੀ ਪ੍ਰਵਾਨਗੀ ਨਹੀਂ ਹੋਵੇਗੀ। ਇਸ ਤੋਂ ਬਿਨ੍ਹਾਂ ਜ਼ਿਲ੍ਹੇ ਦੇ ਬਾਹਰ ਤੋਂ ਕਿਸੇ ਵੀ ਤਰਾਂ ਦੇ ਰਾਅ ਮਟੀਰੀਅਲ ਨੂੰ ਮੰਗਵਾਉਣ ਦੀ ਪ੍ਰਵਾਨਗੀ ਨਹੀਂ ਹੋਵੇਗੀ।

ਉਸਾਰੀ ਦੇ ਕੰਮ ਲਈ ਰਾਅ ਮਟੀਰੀਅਲ (ਉਸਾਰੀ ਦਾ ਸਮਾਨ) ਮੁਹਈਆ ਕਰਵਾਉਣ ਵਾਲੇ ਦੁਕਾਨਦਾਰ ਇਹ ਯਕੀਨੀ ਬਣਾਉਣਗੇ ਕਿ ਉਨ੍ਹਾਂ ਵੱਲੋਂ ਸਿਰਫ ਉਨ੍ਹਾਂ ਵਿਅਕਤੀਆਂ ਨੂੰ ਹੀ ਸਮਾਨ ਸਪਲਾਈ ਕੀਤਾ ਜਾਵੇਗਾ ਜਿੰਨ੍ਹਾਂ ਦੀ ਉਸਾਰੀ ਦਾ ਕੰਮ ਕਰਫਿਊ ਤੋਂ ਪਹਿਲਾਂ ਚੱਲ ਰਿਹਾ ਹੋਵੇ ਅਤੇ ਕਰਫਿਊ ਲੱਗਣ ਕਾਰਨ ਰੁਕ ਗਿਆ ਹੋਵੇ। ਕਿਸੇ ਵੀ ਨਵੀਂ ਉਸਾਰੀ ਸ਼ੁਰੂ ਕਰਨ ਵਾਲੇ ਵਿਅਕਤੀ ਨੂੰ ਕੋਈ ਵੀ ਸਮਾਨ ਸਪਲਾਈ ਜ਼ਾਂ ਵੇਚਿਆ ਨਾ ਜਾਵੇ।

ਕਰਫਿਊ ਦੌਰਾਨ ਸਾਰੇ ਕਾਰਜਕਾਰੀ ਮੈਜਿਸਟ੍ਰੇਟ ਆਪਣੇ ਆਪਣੇ ਏਰੀਏ ਵਿਚ ਉਸਾਰੀ ਦੇ ਚੱਲ ਰਹੇ ਕੰਮਾਂ ਦੀ ਪੜਤਾਲ ਕਰਕੇ ਯਕੀਨੀ ਬਣਾਉਣਗੇ ਕਿ ਕੋਈ ਨਵੀਂ ਉਸਾਰੀ ਸ਼ੁਰੂ ਨਾ ਕੀਤੀ ਜਾਵੇ। ਇਸ ਤੋਂ ਇਲਾਵਾ ਉਸਾਰੀ ਵਾਲੀ ਜਗਾ ਤੇ ਕੋਵਿਡ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਹੋਣ ਬਾਰੇ ਪੜਤਾਲ ਕਰਣਗੇ। ਉਹ ਰੋਜਾਨਾ ਇਸ ਸਬੰਧੀ ਕੀਤੀ ਪੜਤਾਲ ਬਾਰੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਸਥਿਤ ਕੰਟਰੋਲ ਰੂਮ ਵਿਖੇ ਆਪਣੀ ਰਿਪੋਟ ਦੇਣਗੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜੇਕਰ ਕਿਸੇ ਨੇ ਇੰਨ੍ਹਾਂ ਹਦਾਇਤਾਂ ਦਾ ਉਲੰਘਣਾ ਕੀਤਾ ਤਾਂ ਉਸ ਖਿਲਾਫ ਆਈ.ਪੀ.ਸੀ. ਦੀ ਧਾਰਾ 188, ਐਪੀਡੈਮਿਕ ਡਜੀਜ ਐਕਟ 1897 ਅਤੇ ਡਿਜਾਸਟਰ ਮੈਨੇਜਮੈਂਟ ਐਕਟ 2005 ਦੀਆਂ ਧਾਰਾਵਾਂ ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

I/21802/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਸ਼ਨੀਵਾਰ ਨੂੰ ਲਏ 99 ਨਵੇਂ ਸੈਂਪਲ

## -335 ਸੈਂਪਲਾਂ ਦੀ ਰਿਪੋਟ ਬਕਾਇਆ

ਬਠਿੰਡਾ, 2 ਮਈ

ਜ਼ਿਲ੍ਹਾ ਬਠਿੰਡਾ ਤੋਂ ਸ਼ਨੀਵਾਰ ਨੂੰ 99 ਨਵੇਂ ਸੈਂਪਲ ਲਏ ਗਏ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਤੋਂ ਬਿਨ੍ਹਾਂ 335 ਪਹਿਲਾਂ ਤੋਂ ਭੇਜੇ ਸੈਂਪਲਾਂ ਦੀ ਰਿਪੋਟ ਵੀ ਹਾਲੇ ਆਉਣੀ ਬਾਕੀ ਹੈ। ਉਨਾਂ੍ਹ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਘਬਰਾਹਟ ਵਿਚ ਨਾ ਆਉਣ ਅਤੇ

ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਦਾ ਪਾਲਣ ਕਰਨ ਅਤੇ ਵੱਧ ਤੋਂ ਵੱਧ ਆਪਣੇ ਘਰਾਂ ਵਿਚ ਹੀ ਰਹਿਣ।

I/21810/2020